# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 27-03-2025**

- ਕੇਂਦਰੀ ਮੰਤਰੀ ਅਸ਼ਵਨੀ ਵੈਸ਼ਨਵ ਨੇ ਕਿਹਾ-ਭਾਰਤ, ਦੁਨੀਆ ਦਾ ਦੂਜਾ ਸਭ ਤੋਂ ਵੱਡਾ 5-G ਬਾਜ਼ਾਰ ਬਣ ਗਿਆ ਏ ।
- ਪੰਜਾਬ ਵਿਧਾਨ ਸਭਾ ਦੇ ਬਜਟ ਇਜਲਾਸ ਦੀ ਕਾਰਵਾਈ ਅੱਜ 7ਵੇਂ ਦਿਨ ਵੀ ਜਾਰੀ ਰਹੀ - ਵਿਤ ਮੰਤਰੀ ਹਰਪਾਲ ਸਿੰਘ ਚੀਮਾ ਵਲੋਂ ਸਾਲ 2025 -26 ਵਾਸਤੇ ਬਜਟ ਅਨੁਮਾਨਾਂ ਸੰਬੰਧੀ ਪੇਸ਼ ਕੀਤੇ ਬਿਲ ਨੂੰ ਵਿਧਾਨ ਸਭਾ ਵਲੋਂ ਪਾਸ ਕਰ ਦਿੱਤਾ ਗਿਆ ।
- ਭਾਰਤੀ ਰੇਲਵੇ IRCTC ਵਲੋਂ, ਅੰਮ੍ਰਿਤਸਰ ਤੋਂ 7 ਜਯੋਤਿਰ-ਲਿੰਗ ਯਾਤਰਾ" ਅਤੇ ਗੁਰੂ ਕ੍ਰਿਪਾ ਯਾਤਰਾ" ਦੀ ਸ਼ੁਰੂਆਤ ਦਾ ਐਲਾਨ ।
- ਰਾਸ਼ਟਰੀ ਮਹਿਲਾ ਕਮਿਸ਼ਨ ਵਲੋਂ ਦੇਸ਼ ਦੇ ਹਰ ਜ਼ਿਲ੍ਹੇ ਵਿੱਚ, ਵਿਆਹ ਤੋਂ ਪਹਿਲਾਂ ਸਲਾਹ ਬਾਰੇ ਕੇਂਦਰ ਖੋਲ੍ਹੇ ਜਾਣਗੇ ।

- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ, ਅੱਜ 7ਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਰਾਇ ਸਾਹਿਬ ਜੀ ਦਾ ਗੁਰਤਾਗੱਦੀ ਦਿਵਸ,ਵਾਤਾਵਰਣ ਦਿਹਾੜੇ ਵਜੋਂ ਮਨਾਇਆ ਗਿਆ।
- IPL ਕ੍ਰਿਕਟ ਵਿੱਚ, ਅੱਜ ਸ਼ਾਮ ਸਨਰਾਈਜ਼ਰਜ਼ ਹੈਦਰਾਬਾਦ ਦਾ ਮੁਕਾਬਲਾ, ਲਖਨਊ ਸੁਪਰ ਜਾਇੰਟਸ ਨਾਲ ਹੋਵੇਗਾ ।

---

ਇਲੈਕਟ੍ਰੌਨਿਕਸ ਅਤੇ ਸੂਚਨਾ ਤਕਨਾਲੋਜੀ ਮੰਤਰੀ ਅਸ਼ਵਨੀ ਵੈਸ਼ਨਵ ਨੇ ਕਿਹਾ ਕਿ ਭਾਰਤ ਦੁਨੀਆ ਵਿਚ 5ਜੀ ਦਾ ਦੂਜਾ ਸਭ ਤੋਂ ਵੱਡਾ ਬਜ਼ਾਰ ਬਣ ਗਿਆ ਏ । ਅੱਜ ਨਵੀਂ ਦਿੱਲੀ ਵਿੱਚ ਇੱਕ ਪ੍ਰੋਗਰਾਮ ਨੂੰ ਸੰਬੋਧਨ ਕਰਦਿਆਂ, ਸ਼੍ਰੀ ਵੈਸ਼ਨਵ ਨੇ ਕਿਹਾ ਕਿ ਵੱਖ-ਵੱਖ ਖੇਤਰਾਂ ਵਿੱਚ ਲਗਭਗ 11 ਲੱਖ ਕਰੋੜ ਰੁਪਏ ਦਾ ਨਿਵੇਸ਼ ਕੀਤਾ ਜਾ ਰਿਹਾ ਏ । ਸ਼੍ਰੀ ਵੈਸ਼ਨਵ ਨੇ ਕਿਹਾ ਕਿ ਪਿਛਲੇ ਦਸ ਸਾਲਾਂ ਵਿੱਚ ਦੇਸ਼ ਵਿੱਚ ਮੈਡੀਕਲ ਕਾਲਜਾਂ ਅਤੇ ਭਾਰਤੀ ਤਕਨਾਲੋਜੀ ਸੰਸਥਾਨਾਂ ਦੀ ਗਿਣਤੀ ਦੁੱਗਣੀ ਹੋ ਗਈ ਏ । ਉਨ੍ਹਾਂ ਕਿਹਾ ਕਿ ਸਮੁੱਚੇ ਦੱਖਣੀ ਅਤੇ ਅਮੀਰ ਦੇਸ਼ ਭਾਰਤ ਦੀ UPI ਅਦਾਇਗੀ ਪ੍ਰਣਾਲੀ ਨੂੰ ਅਪਣਾਉਣ ਵਿੱਚ ਦਿਲਚਸਪੀ ਦਿਖਾ

ਰਹੇ ਨੇ । ਸ੍ਰੀ ਵੈਸ਼ਨਵ ਨੇ ਇਸ ਸਾਲ ਭਾਰਤ ਦੀ ਪਹਿਲੀ, ਮੇਡ ਇਨ ਇੰਡੀਆ ਚਿੱਪ ਜਾਰੀ ਕਰਨ ਦਾ ਵੀ ਐਲਾਨ ਕੀਤਾ।

----------------------------------------------------

ਪੰਜਾਬ ਵਿਧਾਨ ਸਭਾ ਦੇ ਬਜਟ ਇਜਲਾਸ ਦੀ ਕਾਰਵਾਈ ਅੱਜ 7ਵੇਂ ਦਿਨ ਵੀ ਜਾਰੀ ਰਹੀ। ਸੀਚੇਵਾਲ ਮੁੱਦੇ 'ਤੇ ਪੰਜਾਬ ਵਿਧਾਨ ਸਭਾ ਵਿੱਚ ਚੱਲੀ ਬਹਿਸ ਤੋਂ ਬਾਅਦ, ਸਦਨ ਨੇ ਅੱਜ ਵਿਰੋਧੀ ਧਿਰ ਦੇ ਨੇਤਾ ਅਤੇ ਸੀਨੀਅਰ ਕਾਂਗਰਸੀ ਆਗੂ ਪ੍ਰਤਾਪ ਸਿੰਘ ਬਾਜਵਾ ਨੂੰ ਵਾਤਾਵਰਣ ਪ੍ਰੇਮੀ ਅਤੇ ਰਾਜ ਸਭਾ ਮੈਂਬਰ ਬਲਬੀਰ ਸਿੰਘ ਸੀਚੇਵਾਲ ਖਿਲ਼ਾਫ ਕੀਤੀਆਂ ਟਿੱਪਣੀਆਂ ਲਈ ਨਿੰਦਾ ਕਰਨ ਦਾ ਮਤਾ ਪਾਸ ਕੀਤਾ। ਇਸ ਤੋਂ ਪਹਿਲਾਂ, ਆਮ ਆਦਮੀ ਪਾਰਟੀ  ਸਰਕਾਰ ਖਿਲਾਫ ਨਾਅਰੇਬਾਜ਼ੀ ਕਰਦੇ ਹੋਏ, ਕਾਂਗਰਸੀ ਵਿਧਾਇਕਾਂ ਨੇ, ਸ਼ਹੀਦ ਭਗਤ ਸਿੰਘ ਲਈ ਭਾਰਤ ਰਤਨ 'ਤੇ ਮਤਾ ਲਿਆਉਣ ਦੀ ਇਜਾਜ਼ਤ ਨਾ ਦੇਣ 'ਤੇ ਸਿਫ਼ਰ ਕਾਲ ਦੌਰਾਨ ਵਾਕ-ਆਊਟ ਕੀਤਾ । ਸ੍ਰੀ ਬਾਜਵਾ ਨੇ ਦੋਸ਼ ਲਗਾਇਆ ਕਿ ਇਹ ਖਜ਼ਾਨਾ ਬੈਂਚਾਂ ਦੁਆਰਾ ਉਨ੍ਹਾਂ ਦੀ ਆਵਾਜ਼ ਨੂੰ ਦਬਾਉਣ ਲਈ ਇੱਕ ਯੋਜਨਾਬੱਧ ਹਮਲਾ ਸੀ । ਬਾਅਦ ਵਿਚ ਮੁਖ ਮੰਤਰੀ ਭਗਵੰਤ ਸਿੰਘ

ਮਾਨ ਨੇ ਵੀ, ਪ੍ਰਤਾਪ ਸਿੰਘ ਬਾਜਵਾ ਵਲੋਂ ਰਾਜ ਸਭਾ ਮੈਂਬਰ ਬਲਬੀਰ ਸਿੰਘ ਸੀਚੇਵਾਲ ਵਿਰੁੱਧ ਕੀਤੀਆਂ ਟਿੱਪਣੀਆਂ ਦੀ ਨਿੰਦਾ ਕੀਤੀ। ਓਧਰ ਵਿਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਦੱਸਿਆ ਕੇ ਮਹਿਲਾਵਾਂ ਨੂੰ 1000 ਰੁਪਏ ਦੇਣ ਦਾ ਵਾਅਦਾ ਵੀ ਛੇਤੀ ਪੂਰਾ ਕੀਤਾ ਜਾਵੇਗਾ। ਇਸ ਦੌਰਾਨ ਪੰਜਾਬ ਦੇ ਕਿਰਤ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਵਿਧਾਨ ਸਭਾ ਵਿੱਚ ਇੱਕ ਸਵਾਲ ਦਾ ਜਵਾਬ ਦਿੰਦਿਆਂ ਦੱਸਿਆ ਕਿ ਪੰਜਾਬ ਵਿੱਚ, ਕਿਰਤ ਇੰਸਪੈਕਟਰਾਂ ਦੀ ਘਾਟ ਨੂੰ ਜਲਦ ਹੀ ਦੂਰ ਕੀਤਾ ਜਾਵੇਗਾ। ਪ੍ਰਿੰਸੀਪਲ ਬੁੱਧ ਰਾਮ ਵੱਲੋਂ ਪੁੱਛੇ ਸਵਾਲ ਦਾ ਜਵਾਬ ਦਿੰਦਿਆਂ, ਸ੍ਰੀ ਸੌਂਦ ਨੇ ਦੱਸਿਆ ਕਿ 52 ਕਿਰਤ ਇੰਸਪੈਕਟਰਾਂ ਦੀ ਭਰਤੀ ਪ੍ਰਕਿਰਿਆ ਜਾਰੀ ਏ ਅਤੇ ਜਲਦ ਹੀ ਕਿਰਤ ਇੰਸਪੈਕਟਰਾਂ ਦੀ ਘਾਟ ਦੂਰ ਕਰ ਦਿੱਤੀ ਜਾਵੇਗੀ। ਇਸ ਦੌਰਾਨ ਹਾਕੀ ਵਿਸ਼ਵ ਕਪ 1975 ਦੀ ਜੇਤੂ ਭਾਰਤੀ ਟੀਮ ਦੇ ਮੈਂਬਰਾਂ ਦਾ ਵਿਧਾਨ ਸਭਾ ਦੀ ਕਾਰਵਾਈ ਵੇਖਣ ਆਉਣ ਤੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਪੂਰੇ ਸਦਨ ਵਲੋਂ ਓਹਨਾ ਦਾ ਸਵਾਗਤ ਕੀਤਾ। ਮੁਖ ਮੰਤਰੀ ਨੇ ਵੀ ਓਹਨਾ ਦਾ ਖੜੇ ਹੋਕੇ ਖੈਰ ਮਖਦਮ ਕੀਤਾ। ਪੰਜਾਬ ਦੇ ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈ.

ਟੀ. ਓ. ਨੇ ਪੰਜਾਬ ਵਿਧਾਨ ਸਭਾ ਵਿਚ ਹਲਕਾ ਮਾਨਸਾ ਤੋਂ ਵਿਧਾਇਕ ਡਾਕਟਰ ਵਿਜੇ ਸਿੰਗਲਾ ਵਲੋਂ ਲਿਆਂਦੇ ਗਏ ਧਿਆਨ ਦਿਵਾਊ ਮਤੇ ਦੇ ਜਵਾਬ ਦਿੰਦਿਆਂ ਕਿਹਾ ਕੇ ਪੰਜਾਬ ਸਰਕਾਰ ਵੱਲੋਂ ਮਾਨਸਾ ਕੈਂਚਿਆਂ ਤੋਂ ਭੀਖੀ ਤੱਕ ਸੜਕ ਨੂੰ ਮਜਬੂਤ ਕੀਤਾ ਜਾਵੇਗਾ। ਬਿਜਲੀ ਮੰਤਰੀ ਨੇ ਫਾਜ਼ਿਲਕਾ ਤੋਂ ਵਿਧਾਇਕ ਨਰਿੰਦਰ-ਪਾਲ ਸਿੰਘ ਸਵਨਾ ਵਲੋਂ ਪੁੱਛੇ ਗਏ ਸਵਾਲ ਦਾ ਜਵਾਬ ਦਿੰਦਿਆਂ ਦੱਸਿਆ ਕਿ ਖੇਤਾਂ ਵਿੱਚ ਜੋ ਬਿਜਲੀ ਦੀਆਂ ਤਾਰਾਂ ਲੰਘਦੀਆਂ ਹਨ, ਉਹ ਕਈ ਥਾਵਾਂ ਤੇ ਢਿੱਲੀਆਂ ਹੋਣ ਨਾਲ ਨੀਵੀਆਂ ਹੋ ਜਾਂਦੀਆਂ ਹਨ। ਇਹਨਾਂ ਤਾਰਾਂ ਬਾਬਤ ਜਦੋਂ ਵੀ ਕੋਈ ਸ਼ਿਕਾਇਤ ਪ੍ਰਾਪਤ ਹੁੰਦੀ ਏ ਤਾਂ ਉਸ ਦਾ ਤੁਰੰਤ ਨਿਪਟਾਰਾ ਕੀਤਾ ਜਾਂਦਾ ਏ ਅਤੇ ਵਿਭਾਗ ਵਲੋਂ ਵੀ ਸਮੇਂ ਸਮੇਂ ਤੇ ਆਪਣੇ ਪੱਧਰ ਤੇ ਅਜਿਹੀਆਂ ਨੀਵੀਆਂ ਤੇ ਢਿੱਲੀਆਂ ਤਾਰਾਂ ਨੂੰ ਉਚਾ ਕਰ ਦਿਤਾ ਜਾਂਦਾ ਏ। ਪੀ.ਐਸ.ਪੀ.ਸੀ.ਐਲ. ਕੋਲ ਫਾਜਿਲਕਾ ਖੇਤਰ ਅਧੀਨ ਢਿਲੀਆਂ ਤਾਰਾਂ ਸਬੰਧੀ ਕੋਈ ਵੀ ਸਿਕਾਇਤ ਬਕਾਇਆ ਨਹੀਂ ਏ। ਵਿਧਾਨ ਸਭਾ ਦੀ ਕਾਰਵਾਈ ਕਲ ਤਕ ਲਈ ਮੁਲਤਵੀ ਕਰਨ ਤੋਂ ਪਹਿਲਾਂ ਵਿਤ ਮੰਤਰੀ ਹਰਪਾਲ ਸਿੰਘ ਚੀਮਾ

ਵਲੋਂ ਸਾਲ 2025 -26 ਵਾਸਤੇ ਬਜਟ ਅਨੁਮਾਨਾਂ ਸੰਬੰਧੀ ਬਿਲ ਪੇਸ਼ ਕੀਤਾ ਗਿਆ ਜਿਸਨੂੰ ਸਭਾ ਵਲੋਂ ਪਾਸ ਕਰ ਦਿੱਤਾ ਗਿਆ ।

---------------------------------------------------------

ਭਾਰਤੀ ਰੇਲਵੇ ਦੀ IRCTC ਨੇ 12 ਮਈ ਨੂੰ ਅੰਮ੍ਰਿਤਸਰ ਤੋਂ ਭਾਰਤ ਗੌਰਵ ਵਿਸ਼ੇਸ਼ ਸੈਰ ਸਪਾਟਾ ਰੇਲ ਗੱਡੀ 'ਤੇ 13 ਦਿਨਾਂ ਦੀ ਰੇਲ ਯਾਤਰਾ, 7 ਜਯੋਤਿਰ-ਲਿੰਗ ਯਾਤਰਾ" ਦੀ ਸ਼ੁਰੂਆਤ ਦਾ ਐਲਾਨ ਕੀਤਾ ਏ । 7 ਜਯੋਤਿਰਲਿੰਗ ਯਾਤਰਾ ਸ਼ਰਧਾਲੂਆਂ ਨੂੰ ਕਿਫ਼ਾਇਤੀ ਦਰਾਂ ਤੇ ਇੱਕ ਵਿਲੱਖਣ ਅਧਿਆਤਮਿਕ ਯਾਤਰਾ ਦਾ ਮੌਕਾ ਪ੍ਰਦਾਨ ਕਰਦੀ ਹੈ। ਇਹ ਤੀਰਥ ਯਾਤਰਾ ਯਾਤਰੀਆਂ ਨੂੰ ਭਾਰਤ ਵਿੱਚ ਭਗਵਾਨ ਸ਼ਿਵ ਦੇ ਸੱਤ ਪਵਿੱਤਰ ਜਯੋਤਿਰਲਿੰਗ ਮੰਦਰਾਂ - ਮਹਾ-ਕਾਲੇਸ਼ਵਰ, ਓਂਕਾ-ਰੇਸ਼ਵਰ, ਨਾਗੇ-ਸ਼ਵਰ, ਸੋਮਨਾਥ, ਤ੍ਰਿੰਬ-ਕੇਸ਼ਵ ਰ, ਭੀਮਾ-ਸ਼ੰਕਰ ਅਤੇ ਗ੍ਰਿਸ਼-ਨੇਸ਼ਵਰ ਦੇ ਦਰਸ਼ਨ ਕਰਾਵੇਗੀ। ਇਹ ਰੇਲਗੱਡੀ ਅੰਮ੍ਰਿਤਸਰ ਤੋਂ ਚਲ ਕੇ 24 ਮਈ ਨੂੰ ਵਾਪਸ ਪਰਤੇਗੀ। ਇਸੇ ਤਰਾਂ 7 ਦਿਨਾਂ ਦੀ ਪਵਿੱਤਰ “ਗੁਰੂ ਕ੍ਰਿਪਾ ਯਾਤਰਾ” ਦਾ ਵੀ ਐਲਾਨ ਕੀਤਾ ਗਿਆ

ਏ , ਜੋਕੀ ਭਾਰਤ ਗੌਰਵ ਵਿਸ਼ੇਸ਼ ਸੈਰ ਸਪਾਟਾ ਰੇਲ ਗੱਡੀ ਰਾਹੀਂ 27 ਮਈ ਨੂੰ ਅੰਮ੍ਰਿਤਸਰ ਤੋਂ ਸ਼ੁਰੂ ਹੋਵੇਗੀ । ਇਹ ਅਧਿਆਤਮਿਕ ਯਾਤਰਾ, ਸ਼ਰਧਾਲੂਆਂ ਨੂੰ ਦੋ ਇਤਿਹਾਸਕ ਸਿੱਖ ਗੁਰਦੁਆਰਿਆਂ - ਤਖ਼ਤ ਸ੍ਰੀ ਪਟਨਾ ਸਾਹਿਬ ਅਤੇ ਰਾਜਗੀਰ ਵਿੱਚ ਗੁਰਦੁਆਰਾ ਸ੍ਰੀ ਸ਼ੀਤਲ ਕੁੰਡ ਸਾਹਿਬ ਦੇ ਦਰਸ਼ਨ ਕਰਾਵੇਗੀ। ਇਹ ਯਾਤਰਾ 30 ਮਈ ਨੂੰ ਗੁਰੂ ਅੰਗਦ ਦੇਵ ਜੀ ਦੇ ਜੋਤੀ ਜੋਤ ਦਿਵਸ ਦੇ ਮਹੱਤਵਪੂਰਨ ਅਵਸਰ ਤੇ ਸਾਧ ਸੰਗਤ ਨੂੰ ਤਖ਼ਤ ਸ੍ਰੀ ਪਟਨਾ ਸਾਹਿਬ ਵਿਖੇ ਮੱਥਾ ਟੇਕਣ ਦਾ ਇੱਕ ਵਿਲੱਖਣ ਮੌਕਾ ਵੀ ਪ੍ਰਦਾਨ ਕਰੇਗੀ। ਇਸ ਯਾਤਰਾ ਵਾਲੀ ਵਿਸ਼ੇਸ਼ ਰੇਲਗੱਡੀ 6 ਜੂਨ ਵਾਪਿਸ ਆਏਗੀ ।

---------------------------------------------------------------

ਰਾਸ਼ਟਰੀ ਮਹਿਲਾ ਕਮਿਸ਼ਨ ਨੇ ਕਿਹਾ ਏ ਕਿ ਉਹ, ਦੇਸ਼ ਦੇ ਹਰ ਜ਼ਿਲ੍ਹੇ ਵਿੱਚ ਵਿਆਹ ਤੋਂ ਪਹਿਲਾਂ ਬਾਰੇ ਸਲਾਹ ਕੇਂਦਰ ਖੋਲ੍ਹੇਗਾ। ਪਟਨਾ ਵਿੱਚ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ, ਕਮਿਸ਼ਨ ਦੀ ਚੇਅਰਪਰਸਨ ਵਿਜਯਾ ਰਹਾਟਕਰ ਨੇ ਕਿਹਾ ਕਿ ਇਹ ਇਸ ਸਾਲ ਅੰਤਰ-ਰਾਸ਼ਟਰੀ

ਮਹਿਲਾ ਦਿਵਸ 'ਤੇ ਸ਼ੁਰੂ ਕੀਤੀ ਗਈ ਕਮਿਸ਼ਨ ਦੀ ਇੱਕ ਨਵੀਂ ਪਹਿਲ ਏ । ਉਨ੍ਹਾਂ ਕਿਹਾ, ਹੁਣ ਤੱਕ 11 ਸੂਬਿਆਂ ਵਿੱਚ ਅਜਿਹੇ 23 ਕੇਂਦਰ ਖੋਲ੍ਹੇ ਗਏ ਹਨ। ਚੇਅਰਪਰਸਨ ਨੇ ਕਿਹਾ, ਇਹ ਸਲਾਹ ਕੇਂਦਰ ਸਰਕਾਰੀ ਥਾਵਾਂ 'ਤੇ ਖੋਲ੍ਹੇ ਜਾਣਗੇ ਅਤੇ ਇਹ ਜ਼ਿਲ੍ਹਾ ਜਾਂ ਨਗਰ ਨਿਗਮ ਸੰਸਥਾਵਾਂ ਦੀ ਨਿਗਰਾਨੀ ਹੇਠ ਚਲਾਏ ਜਾਣਗੇ। ਓਨਾ ਕਿਹਾ ਕਿ ਇਹ ਵਿਆਹ ਤੋਂ ਪਹਿਲਾਂ ਦੇ ਕੇਂਦਰ ਉਨ੍ਹਾਂ ਜੋੜਿਆਂ ਦੀ ਮਦਦ ਕਰਨਗੇ ਜੋ ਵਿਆਹ ਕਰਵਾਉਣ ਜਾ ਰਹੇ ਹਨ । ਓਨਾ ਕਿਹਾ ਕਿ ਕੇਂਦਰ ਵਿੱਚ ਵਕੀਲ ਵਿਆਹ ਦੇ ਸਮਾਜਿਕ ਮਨੋਵਿਗਿਆਨ ਅਤੇ ਵਿਵਹਾਰਕ ਪਹਿਲੂਆਂ ਬਾਰੇ ਮਦਦ ਪ੍ਰਦਾਨ ਕਰਨਗੇ। ਉਨ੍ਹਾਂ ਕਿਹਾ ਕਿ ਵਧ ਰਹੇ ਵਿਆਹੁਤਾ ਝਗੜੇ, ਤਲਾਕ ਦੇ ਮਾਮਲੇ, ਅਸਫਲ ਵਿਆਹ ਚਿੰਤਾ ਦਾ ਵਿਸ਼ਾ ਨੇ ।

------------------------------------------------------------------

ਪੰਜਾਬ ਪੁਲਿਸ ਦੇ ਮੁਖੀ ਗੌਰਵ ਯਾਦਵ ਨੇ ਕਿਹਾ ਕਿ ਨਸ਼ਿਆਂ ਖਿਲਾਫ ਚੱਲ ਰਹੀ ਜੰਗ 'ਯੁੱਧ ਨਸ਼ਿਆਂ ਵਿਰੁੱਧ' ਦੇ ਹਿੱਸੇ ਵਜੋਂ ਸਖ਼ਤ ਕਾਰਵਾਈ ਤੋਂ ਬਾਅਦ ਨਸ਼ਿਆਂ ਦੀ ਸੜਕੀ ਸਪਲਾਈ ਵਿੱਚ ਭਾਰੀ ਕਮੀ ਆਈ ਏ ਜਿਸ ਨਾਲ ਪੰਜਾਬ ਪੁਲਿਸ ਨੇ ਹੁਣ ਸੂਬੇ ਵਿੱਚ ਨਸ਼ਿਆਂ ਦੇ

ਵੱਡੇ ਤਸਕਰਾਂ  ਸਮੇਤ ਵੱਡੇ ਪੱਧਰ 'ਤੇ ਨਸ਼ਿਆਂ ਦੇ ਨੈੱਟਵਰਕ ਨੂੰ ਖਤਮ ਕਰਨ ਵੱਲ ਧਿਆਨ ਕੇਂਦਰਿਤ ਕੀਤਾ ਏ । ਉਨ੍ਹਾਂ ਕਿਹਾ ਕਿ ਪਹਿਲੀ  ਮਾਰਚ ਨੂੰ ਸ਼ੁਰੂ ਕੀਤੀ ਗਈ ਨਸ਼ਾ ਵਿਰੋਧੀ ਮੁਹਿੰਮ ਦੇ ਨਤੀਜੇ ਵਜੋਂ ਸੂਬੇ ਭਰ ਵਿੱਚ 2384 FIR ਦਰਜ ਕਰਨ ਤੋਂ ਬਾਅਦ 4 ਹਜ਼ਾਰ 142 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਏ ਅਤੇ ਨਸ਼ਾ ਤਸਕਰਾਂ ਦੇ ਕਬਜ਼ੇ ਤੋਂ 146 ਕਿਲੋਗ੍ਰਾਮ ਤੋਂ ਵੱਧ ਹੈਰੋਇਨ ਅਤੇ ਕੁਝ ਹੋਰ ਨਸ਼ੀਲੇ ਪਦਾਰਥ ਬਰਾਮਦ ਕੀਤੇ ਗਏ ਹਨ ਜਿਨ੍ਹਾਂ ਦੀ ਡਰੱਗ ਮਨੀ 5 ਕਰੋੜ 83 ਲਖ ਰੁਪਏ ਏ । ਉਨ੍ਹਾਂ ਖੁਲਾਸਾ ਕੀਤਾ ਕਿ ਚੱਲ ਰਹੀ ਕਾਰਵਾਈ ਨਾਲ ਸੜਕੀ ਪੱਧਰ 'ਤੇ ਨਸ਼ਿਆਂ ਦੀ ਉਪਲਬਧਤਾ ਵਿੱਚ ਭਾਰੀ ਕਮੀ ਆਈ ਏ ।

-----------------------------------------------------------

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਅੱਜ ਸੱਤਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਰਾਇ ਸਾਹਿਬ ਜੀ ਦੇ ਗੁਰਤਾਗੱਦੀ ਦਿਵਸ ਨੂੰ ਵਾਤਾਵਰਣ ਦਿਹਾੜੇ ਵਜੋਂ ਮਨਾਇਆ ਗਿਆ। ਸ੍ਰੀ ਦਰਬਾਰ ਸਾਹਿਬ ਵਿਖੇ ਸਥਿਤ ਗੁਰੂ ਕੇ ਬਾਗ ਵਿਖੇ ਬੂਟੇ ਲਗਾਏ ਗਏ। ਇਸ ਤੋਂ ਪਹਿਲਾਂ ਸ੍ਰੀ ਦਰਬਾਰ

ਸਾਹਿਬ ਨਾਲ ਸਬੰਧਤ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਅਤੇ ਲੰਗਰ ਸ੍ਰੀ ਗੁਰੂ ਰਾਮਦਾਸ ਜੀ ਵਿਚਕਾਰ ਸਥਿਤ ਗੁਰੂ ਕੇ ਬਾਗ ਵਿਖੇ ਵਾਤਾਵਰਣ ਦੀ ਸਾਂਭ-ਸੰਭਾਲ ਦੇ ਸੁਨੇਹੇ ਨੂੰ ਅੱਗੇ ਵਧਾਉਂਦਿਆਂ ਬੂਟੇ ਲਗਾ ਕੇ ਗੁਰੂ ਸਾਹਿਬ ਨੂੰ ਸ਼ਰਧਾ ਤੇ ਸਤਿਕਾਰ ਭੇਟ ਕੀਤਾ। ਉਨ੍ਹਾਂ ਕਿਹਾ ਕਿ ਸ੍ਰੀ ਗੁਰੂ ਹਰਿਰਾਇ ਸਾਹਿਬ ਜੀ ਦਾ ਜੀਵਨ ਵਾਤਾਵਰਣ ਦੀ ਸਾਂਭ ਸੰਭਾਲ ਲਈ ਪ੍ਰੇਰਣਾ ਦਾਇਕ ਏ । ਉਨ੍ਹਾਂ ਸੰਗਤ ਨੂੰ ਗੁਰਤਾਗੱਦੀ ਦਿਹਾੜੇ ਦੀ ਵਧਾਈ ਦਿੰਦਿਆਂ ਵੱਧ ਤੋਂ ਵੱਧ ਰੁੱਖ ਬੂਟੇ ਲਗਾਉਣ ਦੀ ਅਪੀਲ ਵੀ ਕੀਤੀ।

---------------------------------------------------------------

ਜ਼ਿਲਾ ਫ਼ਤਹਿਗੜ੍ਹ ਸਾਹਿਬ ਹਲਕਾ ਅਮਲੋਹ ਦੇ ਵਿਧਾਇਕ ਗੁਰਿੰਦਰ ਸਿੰਘ ਗੈਰੀ ਬੜਿੰਗ ਨੇ ਸਵੇਰੇ ਸਾਢੇ 7 ਵਜੇ ਨਗਰ ਕੌਂਸਲ ਅਮਲੋਹ ਵਿਖੇ ਅਚਨਚੇਤ ਚੈਕਿੰਗ ਕੀਤੀ । ਦਫ਼ਤਰ

ਤੋਂ ਤੁਰੰਤ ਬਾਅਦ ਵਿਧਾਇਕ  ਸਫਾਈ ਸੇਵਕਾਂ ਦੀ ਹਾਜਰੀ ਸਬੰਧੀ ਫੀਲਡ ਵਿੱਚ ਗਏ ਤਾਂ ਉਥੇ ਵੀ ਸਫਾਈ ਸੇਵਕ ਡਿਊਟੀ ਤੇ ਹਾਜ਼ਰ ਨਹੀਂ ਪਾਏ ਗਏ। ਊਨਾ ਸਫਾਈ ਸੇਵਕਾਂ ਦਾ ਹਾਜ਼ਰੀ ਰਜਿਸਟਰ ਵੇਖਣ ਤੇ ਪਾਇਆ ਕਿ ਕਰਮਚਾਰੀਆਂ ਦੀ 31 ਮਾਰਚ ਤੱਕ ਪਹਿਲਾਂ ਹੀ ਹਾਜ਼ਰੀ ਲੱਗੀ ਹੋਈ ਸੀ, ਜਦੋਂ ਕਿ 31 ਮਾਰਚ ਨੂੰ ਹਾਲੇ ਚਾਰ ਦਿਨ ਬਾਕੀ ਹਨ। ਡਿਊਟੀ ਤੋਂ ਕੁਤਾਹੀ ਕਰਨ ਦੇ ਦੋਸ਼ ਵਿੱਚ ਨਗਰ ਕੌਂਸਲ ਕਾਰਜ ਸਾਧਕ ਅਫਸਰ ਬਲਜਿੰਦਰ ਸਿੰਘ ਤੇ ਸੈਨੇਟਰੀ ਇੰਸਪੈਕਟਰ ਹੁਸਨ ਲਾਲ ਨੂੰ ਕਾਰਨ ਦੱਸੋ ਨੋਟਿਸ ਜਾਰੀ ਕੀਤਾ ਗਿਆ ਏ ।

---------------------------------------------------

2 ਪੰਜਾਬ ਐੱਨ.ਸੀ.ਸੀ. ਬਟਾਲੀਅਨ, ਜਲੰਧਰ ਵੱਲੋਂ ਸਨਮਾਨ ਸਮਾਗਮ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ

ਵੱਖ ਵੱਖ ਖੇਤਰਾਂ ਵਿੱਚ ਵਧੀਆ ਪ੍ਰਦਰਸ਼ਨ ਕਰਨ ਵਾਲੇ ਐੱਨ.ਸੀ.ਸੀ. ਅਧਿਕਾਰੀਆਂ ਦਾ ਸਨਮਾਨ ਕੀਤਾ ਗਿਆ । ਕਮਾਂਡਿੰਗ ਅਫ਼ਸਰ ਕਰਨਲ ਵਿਨੋਦ ਜੋਸ਼ੀ ਨੇ ਕਿਹਾ ਕਿ ਇਸ ਸਮਾਗਮ  ਰਾਹੀਂ ਅਧਿਕਾਰੀਆਂ ਅਤੇ ਕੈਡਿਟਾਂ ਦੇ ਸਮਰਪਣ ਤੇ ਸਖ਼ਤ ਮਿਹਨਤ ਨੂੰ ਮਾਨਤਾ ਦਿੱਤੀ ਗਈ ਏ । ਲਾਇਲਪੁਰ ਖ਼ਾਲਸਾ ਕਾਲਜ ਦੇ ਲੈਫਟੀਨੈਂਟ (ਡਾ.) ਕਰਨਬੀਰ ਸਿੰਘ ਨੂੰ ਉਨ੍ਹਾਂ ਦੀ ਮਿਸਾਲੀ ਸੇਵਾ ਅਤੇ ਅਗਵਾਈ ਲਈ ਵੱਕਾਰੀ ਡਾਇਰੈਕਟਰ ਜਨਰਲ ਐੱਨ.ਸੀ.ਸੀ. ਪ੍ਰਸ਼ੰਸਾ ਪੱਤਰ ਪ੍ਰਦਾਨ ਕੀਤਾ ਗਿਆ। ਸੂਬੇਦਾਰ ਰਾਜਿੰਦਰ ਸਿੰਘ ਨੂੰ ਕੈਡਿਟਾਂ ਦੀ ਸਿਖਲਾਈ ਦੇਣ ਵਿੱਚ ਉਨ੍ਹਾਂ ਦੇ ਸ਼ਾਨਦਾਰ ਯੋਗਦਾਨ ਲਈ ਦੱਖਣੀ ਪੱਛਮੀ ਆਰਮੀ ਕਮਾਂਡਰ ਪ੍ਰਸ਼ੰਸਾ ਪੱਤਰ ਨਾਲ ਸਨਮਾਨਿਤ ਕੀਤਾ ਗਿਆ।

---

IPL ਕ੍ਰਿਕਟ ਵਿੱਚ, ਅੱਜ ਹੈਦਰਾਬਾਦ 'ਚ, ਸਨਰਾਈਜ਼ਰਜ਼ ਹੈਦਰਾਬਾਦ ਦਾ ਮੁਕਾਬਲਾ ਲਖਨਊ ਸੁਪਰ ਜਾਇੰਟਸ ਨਾਲ ਹੋਵੇਗਾ । ਮੈਚ ਸ਼ਾਮੀ ਸਾਢੇ 7 ਵਜੇ ਸ਼ੁਰੂ ਹੋਵੇਗਾ। ਬੀਤੀ ਰਾਤ, ਗੁਹਾਟੀ 'ਚ ਕੋਲਕਾਤਾ ਨਾਈਟ ਰਾਈਡਰਜ਼ ਨੇ ਰਾਜਸਥਾਨ ਰਾਇਲਜ਼ ਨੂੰ 8 ਵਿਕਟਾਂ ਨਾਲ ਹਰਾਇਆ।

---

ਖੇਲੋ ਇੰਡੀਆ ਪੈਰਾ ਖੇਡਾਂ, 2025 ਅੱਜ ਸ਼ਾਮ ਇੱਕ ਸ਼ਾਨਦਾਰ ਸਮਾਪਤੀ ਸਮਾਗਮ ਨਾਲ ਖਤਮ ਹੋਣਗੀਆਂ। ਇਸ ਦਾ ਆਯੋਜਨ, ਭਾਰਤੀ ਖੇਡ ਅਥਾਰਟੀ ਵੱਲੋਂ ਕੀਤਾ ਜਾ ਰਿਹਾ ਏ , ਜਿਸ ਵਿੱਚ ਨੌਜਵਾਨ ਮਾਮਲੇ ਅਤੇ ਖੇਡ ਰਾਜ ਮੰਤਰੀ ਰਕਸ਼ਾ ਨਿਖਿਲ ਖੜਸੇ ਵੀ ਸ਼ਾਮਲ ਹੋ ਰਹੇ ਨੇ । ਖੇਲੋ ਇੰਡੀਆ ਮਿਸ਼ਨ ਤਹਿਤ ਇੱਕ ਪ੍ਰਮੁੱਖ ਪਹਿਲਕਦਮੀ

ਵਜੋਂ, ਪੈਰਾ ਖੇਡਾਂ ਨੇ ਪ੍ਰਤਿਭਾਸ਼ਾਲੀ ਖਿਡਾਰੀਆਂ ਨੂੰ ਉੱਚ ਪੱਧਰ 'ਤੇ ਆਪਣੇ ਹੁਨਰ ਦਾ ਪ੍ਰਦਰਸ਼ਨ ਕਰਨ ਲਈ, ਇੱਕ ਮਹੱਤਵਪੂਰਨ ਮੰਚ ਪ੍ਰਦਾਨ ਕੀਤਾ ਏ। ਅੱਠ ਰੋਜ਼ਾ ਚੈਂਪੀਅਨਸ਼ਿਪ ਵਿੱਚ ਤੀਰ-ਅੰਦਾਜ਼ੀ, ਅਥਲੈਟਿਕਸ, ਬੈਡਮਿੰਟਨ, ਪਾਵਰ-ਲਿਫਟਿੰਗ, ਨਿਸ਼ਾਨੇਬਾਜ਼ੀ ਅਤੇ ਟੇਬਲ ਟੈਨਿਸ ਵਰਗੀਆਂ 6 ਖੇਡਾਂ ਵਿੱਚ ਇੱਕ ਹਜ਼ਾਰ 300 ਤੋਂ ਵੱਧ ਪੈਰਾ-ਖਿਡਾਰੀਆਂ ਨੇ ਹਿੱਸਾ ਲਿਆ।

---

- ਕੇਂਦਰੀ ਮੰਤਰੀ ਅਸ਼ਵਨੀ ਵੈਸ਼ਨਵ ਨੇ ਕਿਹਾ-ਭਾਰਤ, ਦੁਨੀਆ ਦਾ ਦੂਜਾ ਸਭ ਤੋਂ ਵੱਡਾ 5-G ਬਾਜ਼ਾਰ ਬਣ ਗਿਆ ਏ ।
- ਪੰਜਾਬ ਵਿਧਾਨ ਸਭਾ ਦੇ ਬਜਟ ਇਜਲਾਸ ਦੀ ਕਾਰਵਾਈ ਅਜੇ 7ਵੇਂ ਦਿਨ ਵੀ ਜਾਰੀ ਰਹੀ - ਵਿਤ ਮੰਤਰੀ ਹਰਪਾਲ ਸਿੰਘ

ਚੀਮਾ ਵਲੋਂ ਸਾਲ 2025 -26 ਵਾਸਤੇ ਬਜਟ ਅਨੁਮਾਨਾਂ ਸੰਬੰਧੀ ਪੇਸ਼ ਕੀਤੇ ਬਿਲ ਨੂੰ ਵਿਧਾਨ ਸਭਾ ਵਲੋਂ ਪਾਸ ਕਰ ਦਿੱਤਾ ਗਿਆ।

- ਭਾਰਤੀ ਰੇਲਵੇ IRCTC ਵਲੋਂ, ਅੰਮ੍ਰਿਤਸਰ ਤੋਂ 7 ਜਯੋਤਿਰ-ਲਿੰਗ ਯਾਤਰਾ" ਅਤੇ ਗੁਰੂ ਕ੍ਰਿਪਾ ਯਾਤਰਾ" ਦੀ ਸ਼ੁਰੂਆਤ ਦਾ ਐਲਾਨ ।
- ਰਾਸ਼ਟਰੀ ਮਹਿਲਾ ਕਮਿਸ਼ਨ ਵਲੋਂ ਦੇਸ਼ ਦੇ ਹਰ ਜ਼ਿਲ੍ਹੇ ਵਿੱਚ, ਵਿਆਹ ਤੋਂ ਪਹਿਲਾਂ ਸਲਾਹ ਬਾਰੇ ਕੇਂਦਰ ਖੋਲ੍ਹੇ ਜਾਣਗੇ ।
- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ, ਅੱਜ 7ਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਰਾਇ ਸਾਹਿਬ ਜੀ ਦਾ ਗੁਰਤਾਗੱਦੀ ਦਿਵਸ,ਵਾਤਾਵਰਣ ਦਿਹਾੜੇ ਵਜੋਂ ਮਨਾਇਆ ਗਿਆ।
- IPL ਕ੍ਰਿਕਟ ਵਿੱਚ, ਅੱਜ ਸ਼ਾਮ ਸਨਰਾਈਜ਼ਰਜ਼ ਹੈਦਰਾਬਾਦ ਦਾ ਮੁਕਾਬਲਾ, ਲਖਨਊ ਸੁਪਰ ਜਾਇੰਟਸ ਨਾਲ ਹੋਵੇਗਾ ।